**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10 Pm**

**ਮਿਤੀ: 27-11-2024**

ਕੇਂਦਰੀ ਮਹਿਲਾ ਤੇ ਬਾਲ ਵਿਕਾਸ ਮੰਤਰੀ ਅੰਨਪੂਰਨਾ ਦੇਵੀ ਨੇ ਅੱਜ ਨਵੀਂ ਦਿੱਲੀ ਵਿਚ ਇਕ ਰਾਸ਼ਟਰੀ ਮੁਹਿੰਮ, ਬਾਲ ਵਿਵਾਹ ਮੁਕਤ ਭਾਰਤ ਦੀ ਸ਼ੁਰੂਆਤ ਕੀਤੀ। ਪ੍ਰੋਗਰਾਮ ਦਾ ਮੁੱਖ ਏਜੰਡਾ ਭਾਰਤ ਨੂੰ ਬਾਲ ਵਿਆਹ ਮੁਕਤ ਰਾਸ਼ਟਰ ਬਣਾਉਣਾ ਏ। ਮੰਤਰੀ ਨੇ ਬਾਲ ਵਿਆਹ-ਮੁਕਤ ਭਾਰਤ ਪੋਰਟਲ ਦਾ ਵੀ ਉਦਘਾਟਨ ਕੀਤਾ। ਉਹਨਾਂ ਕਿਹਾ ਕਿ ਜਾਗਰੂਕਤਾ ਵਧਾਉਣ, ਬਾਲ ਵਿਆਹ ਰੋਕਣ ਤੇ ਬਾਲ ਵਿਆਹ ਦੀਆਂ ਘਟਨਾਵਾਂ ਦੀ ਪ੍ਰਭਾਵਸ਼ਾਲੀ ਢੰਗ ਨਾਲ ਰਿਪੋਰਟ ਦੇਣ ਦੇ ਮਿਸ਼ਨ ਦਾ ਸਮਰਥਨ ਕਰਨ ਲਈ ਆਨਲਾਈਨ ਪਲੇਟਫਾਰਮ ਤਿਆਰ ਕੀਤਾ ਗਿਆ ਏ।

---------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਆਮਦਨ ਤੋਂ ਵੱਧ ਜਾਇਦਾਦ ਬਣਾਉਣ ਦੇ

ਦੋਸ਼ ਹੇਠ ਜਨਮ ਤੇ ਮੌਤ ਰਜਿਸਟਰਾਰ ਦਫ਼ਤਰ ਸਿਵਲ ਸਰਜਨ ਹੁਸ਼ਿਆਰਪੁਰ ਵਿਖੇ ਤਾਇਨਾਤ ਕਲਰਕ ਜਸਵਿੰਦਰ ਸਿੰਘ ਨੂੰ ਗ੍ਰਿਫਤਾਰ ਕੀਤਾ ਏ । ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਸ ਬਾਰੇ ਦਰਜ ਇਕ ਵਿਜੀਲੈਂਸ ਪੜਤਾਲ ਦੀ ਡੂੰਘਾਈ ਨਾਲ ਜਾਂਚ ਕਰਨ ਉਪਰੰਤ ਮੁਕੱਦਮਾ ਦਰਜ ਕਰਕੇ ਇਹ ਗ੍ਰਿਫ਼ਤਾਰੀ ਕੀਤੀ ਗਈ ਏ । ਉਨ੍ਹਾਂ ਦੱਸਿਆ ਕਿ ਵਿਜੀਲੈਂਸ ਬਿਊਰੋ ਵਲੋਂ ਕੀਤੀ ਜਾਂਚ ਤੋਂ ਪਤਾ ਲਗਿਆ ਏ ਕਿ ਉਕਤ ਮੁਲਜ਼ਮ ਨੇ ਚੈਕਿੰਗ ਦੌਰਾਨ 1 ਜਨਵਰੀ 2002 ਤੋਂ 31 ਦਸੰਬਰ 2016 ਤੱਕ ਕੁੱਲ 1 ਕਰੋੜ 23 ਲੱਖ 13 ਹਜ਼ਾਰ 727 ਰੁਪਏ ਖਰਚ ਕੀਤੇ ਸਨ ਜਦਕਿ ਇਸ ਸਮੇਂ ਦੌਰਾਨ ਉਸ ਦੀ ਕੁੱਲ ਆਮਦਨ 88 ਲੱਖ 15 ਹਜ਼ਾਰ 520 ਰੁਪਏ ਸੀ । ਉਨ੍ਹਾਂ ਦੱਸਿਆ ਕਿ ਜਾਂਚ ਵਿਚ ਦੋਸ਼ੀ ਪਾਏ ਜਾਣ ਤੋਂ ਬਾਅਦ ਉਕਤ ਕਲਰਕ ਜਸਵਿੰਦਰ ਸਿੰਘ ਖਿਲਾਫ਼ ਵਿਜੀਲੈਂਸ ਥਾਣਾ ਜਲੰਧਰ ਰੇਂਜ ਵਿਖੇ ਕੇਸ ਕਰ ਲਿਆ ਗਿਆ ਏ ਅਤੇ ਇਸ ਮੁਕੱਦਮੇ ਦੀ ਅਗਲੇਰੀ ਜਾਂਚ ਜਾਰੀ ਏ ।

---

ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਚੇਅਰਮੈਨ ਬਾਲ ਮੁਕੰਦ ਸ਼ਰਮਾ ਨੇ

ਐਸ.ਏ.ਐਸ.ਨਗਰ ਵਿਚ ਰਾਸ਼ਟਰੀ ਖੁਰਾਕ ਸੁਰੱਖਿਆ ਐਕਟ ਤਹਿਤ ਚਲਾਈਆਂ ਜਾ ਰਹੀਆਂ ਲਾਭਪਾਤਰੀ ਸਕੀਮਾਂ ਦਾ ਜਾਇਜ਼ਾ ਲਿਆ । ਗੁਣਵੱਤਾ ਤੇ ਸ਼ੁੱਧਤਾ 'ਤੇ ਜ਼ੋਰ ਦਿੰਦਿਆਂ ਉਹਨਾਂ ਕਿਹਾ ਕਿ ਖੁਰਾਕ ਸੁਰੱਖਿਆ ਕਾਨੂੰਨ ਤਹਿਤ ਵੰਡੀ ਜਾ ਰਹੀ ਸਮੱਗਰੀ ਦੀ ਸੈਂਪਲਿੰਗ ਸਮੇਂ-ਸਮੇਂ ਕੀਤੀ ਜਾਵੇ ਤਾਂ ਜੋ ਅਨਾਜ ਜਾਂ ਹੋਰ ਭੋਜਨ ਸਮੱਗਰੀ ਦੀ ਗੁਣਵੱਤਾ ਯਕੀਨੀ ਬਣਾਈ ਜਾ ਸਕੇ । ਉਨ੍ਹਾਂ ਕਿਹਾ ਕਿ ਤਾਜ਼ੀਆਂ ਸਬਜ਼ੀਆਂ ਵਿਦਿਆਰਥੀਆਂ ਲਈ ਵਧੇਰੇ ਪੌਸ਼ਟਿਕ ਹੋ ਸਕਦੀਆਂ ਨੇ । ਉਨ੍ਹਾਂ ਵਿਦਿਆਰਥੀਆਂ ਨੂੰ ਭੋਜਨ ਤੋਂ ਪਹਿਲਾਂ ਤੇ ਬਾਅਦ ਵਿੱਚ ਹੱਥਾਂ ਨੂੰ ਚੰਗੀ ਤਰ੍ਹਾਂ ਧੋਣ ਦੀ ਮਹੱਤਤਾ ਤੋਂ ਜਾਣੂ ਕਰਵਾਉਣ ਤੇ ਵੀ ਜ਼ੋਰ ਦਿੱਤਾ ।

---------------------------------------------------------------

ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ ਨੇ ਬਰਨਾਲਾ ਸਰਕਲ ਵਿਚ ਬਿਜਲੀ ਚੋਰੀ ਰੋਕਣ ਲਈ ਇੱਕ ਵਿਸ਼ੇਸ਼ ਮੁਹਿੰਮ ਚਲਾਈ । ਉਪ ਮੁੱਖ ਇੰਜਨੀਅਰ ਇੰਜ: ਤੇਜ ਬਾਂਸਲ ਅਨੁਸਾਰ ਇਸ ਮੁਹਿੰਮ ਦੌਰਾਨ ਕੁੱਲ 1,273 ਬਿਜਲੀ ਕੁਨੈਕਸ਼ਨਾਂ ਦੀ ਚੈਕਿੰਗ ਕੀਤੀ ਗਈ । ਇਨ੍ਹਾਂ ਵਿਚੋਂ ਮਲੇਰਕੋਟਲਾ ਵਿਚ 915, ਸਿਟੀ ਬਰਨਾਲਾ ਵਿਚ 278 ਤੇ ਸਬਅਰਬਨ

ਬਰਨਾਲਾ ਵਿਚ 80 ਕੁਨੈਕਸ਼ਨਾਂ ਦੀ ਜਾਂਚ ਕੀਤੀ ਗਈ । ਇਸ ਕਾਰਵਾਈ ਦੌਰਾਨ ਚੋਰੀ ਦੇ 20 ਮਾਮਲਿਆਂ ਦਾ ਪਤਾ ਲਗਾਇਆ ਗਿਆ, ਜਿਸ ਵਿਚ ਡਿਫਾਲਟਰਾਂ ਤੋਂ ਕੁੱਲ 6.58 ਲੱਖ ਰੁਪਏ ਵਸੂਲੇ ਗਏ । ਇਸ ਤੋਂ ਇਲਾਵਾ ਅਣਅਧਿਕਾਰਤ ਬਿਜਲੀ ਦੀ ਵਰਤੋਂ ਦੇ ਇਕ ਮਾਮਲੇ ਵਿੱਚ 40 ਹਜ਼ਾਰ ਰੁਪਏ ਦਾ ਜ਼ੁਰਮਾਨਾ ਲਗਾਇਆ ਗਿਆ।

---------------------------------------------------

ਪੰਜਾਬ ਤੇ ਚੰਡੀਗੜ੍ਹ ਦੇ ਲੋਕਾਂ ਨੂੰ ਅਗਲੇ ਤਿੰਨ ਦਿਨਾਂ ਤੱਕ ਸਵੇਰ-ਸ਼ਾਮ ਸੰਘਣੀ ਧੁੰਦ ਦਾ ਸਾਹਮਣਾ ਕਰਨਾ ਪਵੇਗਾ । ਮੌਸਮ ਵਿਭਾਗ ਨੇ 29 ਨਵੰਬਰ ਤੱਕ ਸੰਘਣੀ ਧੁੰਦ ਦਾ ਯੈਲੋ ਅਲਰਟ ਜਾਰੀ ਕੀਤਾ ਏ । ਹਾਲਾਂਕਿ ਮੀਂਹ ਦੀ ਕੋਈ ਸੰਭਾਵਨਾ ਨਹੀਂ ਏ । ਦੂਜੇ ਪਾਸੇ 24 ਘੰਟਿਆਂ ਦੌਰਾਨ ਪੰਜਾਬ ਦੇ ਵੱਧ ਤੋਂ ਵੱਧ ਤਾਪਮਾਨ ਵਿੱਚ 0.1 ਡਿਗਰੀ ਤੇ ਚੰਡੀਗੜ੍ਹ ਦੇ ਤਾਪਮਾਨ ਵਿਚ 0.2 ਡਿਗਰੀ ਦੀ ਗਿਰਾਵਟ ਦਰਜ ਕੀਤੀ ਗਈ ਏ। ਪੰਜਾਬ ਦਾ ਤਾਪਮਾਨ ਆਮ ਦੇ ਨੇੜੇ ਪਹੁੰਚ ਗਿਆ ਏ । ਬਠਿੰਡਾ ਵਿੱਚ ਸਭ ਤੋਂ ਵੱਧ ਤਾਪਮਾਨ 29 ਡਿਗਰੀ ਦਰਜ ਕੀਤਾ ਗਿਆ ਏ ਜਦਕਿ ਚੰਡੀਗੜ੍ਹ ਵਿਚ ਵੱਧ ਤੋਂ ਵੱਧ ਤਾਪਮਾਨ 25.7 ਡਿਗਰੀ ਦਰਜ ਕੀਤਾ

ਗਿਆ ਏ। ਹਾਲਾਂਕਿ ਚੰਡੀਗੜ੍ਹ ਵਿਚ ਹਵਾ ਪ੍ਰਦੂਸ਼ਣ ਦਾ ਪੱਧਰ ਸੁਧਰਨਾ ਸ਼ੁਰੂ ਹੋ ਗਿਆ ਏ, ਪਰ ਹਾਲਾਤ ਪੰਜਾਬ ਨਾਲੋਂ ਮਾੜੇ ਨੇ।

---------------------------------------------------

ਭਾਰਤ ਦੀ ਰਾਸ਼ਟਰੀ ਡੋਪਿੰਗ ਰੋਕੂ ਏਜੰਸੀ ਨੇ ਟੋਕੀਓ ਓਲੰਪਿਕ ਦੇ ਕਾਂਸੀ ਤਮਗਾ ਜੇਤੂ ਬਜਰੰਗ ਪੂਨੀਆ 'ਤੇ ਚਾਰ ਸਾਲ ਲਈ ਮੁਅੱਤਲੀ ਦਾ ਹੁਕਮ ਲਗਾਇਆ ਏ। ਬਜਰੰਗ ਪੂਨੀਆ ਨੇ 10 ਮਾਰਚ ਨੂੰ ਰਾਸ਼ਟਰੀ ਟੀਮ ਚੋਣ ਟਰਾਇਲ ਦੌਰਾਨ ਡੋਪਿੰਗ ਟੈਸਟ ਲਈ ਆਪਣਾ ਸੈਂਪਲ ਦੇਣ ਤੋਂ ਇਨਕਾਰ ਕਰ ਦਿੱਤਾ ਸੀ। ਏਜੰਸੀ ਨੇ 23 ਅਪ੍ਰੈਲ ਨੂੰ ਬਜਰੰਗ ਪੂਨੀਆ ਨੂੰ ਅਸਥਾਈ ਤੌਰ 'ਤੇ ਮੁਅੱਤਲ ਕਰ ਦਿੱਤਾ ਸੀ। ਚਾਰ ਸਾਲ ਦੀ ਪਾਬੰਦੀ ਮਗਰੋਂ ਬਜਰੰਗ ਪੂਨੀਆ, ਕੁਸ਼ਤੀ ਮੁਕਾਬਲਿਆਂ ਵਿੱਚ ਵਾਪਸੀ ਨਹੀਂ ਕਰ ਸਕਣਗੇ ਅਤੇ ਅੰਤਰ-ਰਾਸ਼ਟਰੀ ਕੋਚਿੰਗ ਭੂਮਿਕਾਵਾਂ ਲਈ ਅਰਜ਼ੀ ਦੇਣ ਤੋਂ ਵੀ ਵਾਂਝੇ ਰਹਿਣਗੇ।

---------------------------------------------------

ਨੈਸ਼ਨਲ ਹੈਲਥ ਮਿਸ਼ਨ ਪੰਜਾਬ ਨੇ ਸਿਹਤ ਸਟਾਫ ਦੀ ਭਲਾਈ ਨੂੰ ਯਕੀਨੀ ਬਣਾਉਣ ਲਈ ਮਹੱਤਵਪੂਰਨ ਕਦਮ ਚੁੱਕਦਿਆਂ ਆਪਣੇ

8,000 ਮੈਡੀਕਲ, ਪੈਰਾ-ਮੈਡੀਕਲ ਤੇ ਹੋਰ ਸਟਾਫ ਨੂੰ ਜ਼ਰੂਰੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਨਕਦ ਰਹਿਤ ਮੈਡੀਕਲ ਬੀਮਾ ਕਵਰੇਜ ਪ੍ਰਦਾਨ ਕਰਨ ਵਾਸਤੇ ਇੰਡੀਅਨ ਬੈਂਕ ਨਾਲ ਸਮਝੌਤਾ ਸਹੀਬੱਧ ਕੀਤਾ ਏ । ਇਸ ਸਾਮਝੋਟੇ ਤੇਹਤ  ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਦੀ ਮੌਜੂਦਗੀ ਵਿਚ ਮਿਸ਼ਨ ਡਾਇਰੈਕਟਰ ਐਨ.ਐਚ.ਐਮ. ਪੰਜਾਬ ਘਨਸ਼ਿਆਮ ਥੋਰੀ ਤੇ ਫੀਲਡ ਜਨਰਲ ਮੈਨੇਜਰ ਇੰਡੀਅਨ ਬੈਂਕ ਸੰਦੀਪ ਕੁਮਾਰ ਗੋਸ਼ਲ ਵਲੋਂ ਹਸਤਾਖਰ ਕੀਤੇ ਗਏ । ਇਸ ਸਬੰਦੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਸੂਬੇ ਭਰ ਵਿਚ ਐਨ.ਐਚ.ਐਮ. ਪੰਜਾਬ ਅਧੀਨ ਜ਼ਰੂਰੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਵਾਲੇ ਲਗਭਗ 8,000 ਮੈਡੀਕਲ, ਪੈਰਾ-ਮੈਡੀਕਲ ਤੇ ਹੋਰ ਸਟਾਫ ਮੈਂਬਰਾਂ ਨੂੰ ਇਸ ਪਹਿਲਕਦਮੀ ਦਾ ਲਾਭ ਮਿਲੇਗਾ । ਉਨ੍ਹਾਂ ਕਿਹਾ ਕਿ ਇਸ ਪੈਕੇਜ ਵਿੱਚ ਪ੍ਰਤੀ ਕਰਮਚਾਰੀ 2 ਲੱਖ ਰੁਪਏ ਤੱਕ ਦਾ ਨਕਦ ਰਹਿਤ ਮੈਡੀਕਲ ਬੀਮਾ ਕਵਰੇਜ ਤੇ ਪ੍ਰਤੀ ਕਰਮਚਾਰੀ 40 ਲੱਖ ਰੁਪਏ ਤੱਕ ਦਾ ਗਰੁੱਪ ਐਕਸੀਡੈਂਟਲ ਡੈਥ ਇੰਸ਼ੋਰੈਂਸ ਕਵਰੇਜ ਸ਼ਾਮਲ ਏ ।